ਰਾਜਾਸਾਂਸੀ ਦੀਆਂ ਚੋਣਾਂ ਸੰਬੰਧੀ ਆਮ ਅਦਾਮੀ ਪਾਰਟੀ ਦੇ ਮਾਝਾ ਜ਼ੋਨ ਦੇ ਇੰਚਾਰਜ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ, ਕਾਂਗਰਸ ਦੇ ਹਲਕਾ ਇੰਚਾਰਜ, ਸਾਬਕਾ ਕੈਬਨਿਟ ਮੰਤਰੀ ਤੇ ਵਿਧਾਇਕ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਤੇ ਅਕਾਲੀ ਦਲ ਦੇ ਹਲਕਾ ਇੰਚਾਰਜ ਵੀਰ ਸਿੰਘ ਲੋਪੋਕੇ ਆਪੋ ਆਪਣੇ ਵਰਕਰਾਂ ਨਾਲ ਚੋਣਾਂ ਸੰਬੰਧੀ ਵਰਕਰਾਂ ਨਾਲ ਮੀਟਿੰਗਾਂ ਕਰਦੇ ਹੋਏ। ਤਸਵੀਰਾਂ : ਹਰਦੀਪ ਸਿੰਘ ਖੀਵਾ

ਨਗਰ ਪੰਚਾਇਤ ਰਾਜਾਸਾਂਸੀ ਚੋਣਾਂ ਸੰਬੰਧੀ ਭਾਜਪਾ, ਕਾਂਗਰਸ, ਆਪ ਤੇ ਅਕਾਲੀ ਦਲ ਦੀਆਂ ਤਿਆਰੀਆਂ ਮੁਕੰਮਲ

ਰਾਜਾਸਾਂਸੀ, 8 ਦਸੰਬਰ (ਹਰਦੀਪ ਸਿੰਘ ਖੀਵਾ)-ਪੰਜਾਬ ਵਿਚ ਨਗਰ ਨਿਗਮ ਤੇ ਕੌਂਸਲ ਦੀਆਂ ਚੋਣਾਂ ਦਾ ਐਲਾਨ ਹੁੰਦਿਆਂ ਹੀ ਵੱਖ-ਵੱਖ ਪਾਰਟੀਆਂ ਵਲੋਂ ਪੂਰੇ ਜ਼ੋਰਾਂ ਨਾਲ ਹਲਚਲ ਸ਼ੁਰੂ ਹੋ ਗਈ ਹੈ। ਏਸੇ ਤਹਿਤ ਅੰਮ੍ਰਿਤਸਰ ਜ਼ਿਲ੍ਹੇ ਦੇ ਕਸਬਾ ਰਾਜਾਸਾਂਸੀ ਦੇ ਨਗਰ ਪੰਚਾਇਤ ਦੀਆਂ 13 ਵਾਰਡਾਂ 'ਤੇ ਚੋਣ ਹੋਵੇਗੀ। ਇਨ੍ਹਾਂ ਚੋਣਾਂ ਸੰਬੰਧੀ ਸਾਰੀਆਂ ਪਾਰਟੀਆਂ ਵਲੋਂ ਚੋਣਾਂ ਵਾਲਾ ਮਾਹੌਲ ਭਖਾ ਦਿੱਤਾ ਗਿਆ ਹੈ। ਭਾਵੇਂ ਕਿ ਸੱਤਾਧਾਰੀ ਆਮ ਆਦਮੀ ਪਾਰਟੀ, ਕਾਂਗਰਸ ਤੇ ਭਾਜਪਾ ਵਲੋਂ ਬੀਤੇ ਕਈ ਦਿਨਾਂ ਤੋਂ ਆਪਣੇ ਉਮੀਦਵਾਰਾਂ ਕੋਲੋਂ ਦਾਅਵੇਦਾਰੀਆਂ ਮੰਗੀਆਂ ਗਈਆਂ ਸਨ, ਪਰੰਤੂ ਸ਼੍ਰੋਮਣੀ ਅਕਾਲੀ ਦਲ ਜੋ ਇਸ ਵੇਲੇ ਹੋਰ ਮਸਲਿਆਂ 'ਚ ਉਲਝਿਆ ਹੋਇਆ ਹੈ ਉਸ ਦੀ ਇਨ੍ਹਾਂ ਚੋਣਾਂ ਨੂੰ ਲੈ ਕੇ ਅੱਜ ਤੋਂ ਪਹਿਲਾਂ ਕੋਈ ਵੀ ਸਰਗਰਮੀ ਨਜ਼ਰ ਨਹੀਂ ਆ ਰਹੀ ਸੀ ਪਰੰਤੂ ਅੱਜ ਚੋਣਾਂ ਦਾ ਐਲਾਨ ਹੁੰਦਿਆਂ ਸਾਰ ਅਕਾਲੀ ਦਲ ਵਲੋਂ ਹਲਕਾ ਇੰਚਾਰਜ ਵੀਰ ਸਿੰਘ ਲੋਪੋਕੇ ਤੇ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲਦੇਹ ਤੇ ਰਾਣਾ ਲੋਪੋਕੇ ਦੀ ਅਗਵਾਈ 'ਚ ਵੀ ਅੱਜ ਪਲੇਠੀ ਮੀਟਿੰਗ ਕੀਤੀ ਗਈ ਹੈ। ਆਮ ਆਦਮੀ ਪਾਰਟੀ ਵਲੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਚੋਣ ਇੰਚਾਰਜ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵਲੋਂ ਬੀਤੇ ਦਿਨ ਹੀ ਨਗਰ ਪੰਚਾਇਤ ਰਾਜਾਸਾਂਸੀ ਦੇ ਦਫਤਰ ਵਿਖੇ ਉਮੀਦਵਾਰਾਂ ਕੋਲੋਂ ਦਾਅਵੇਦਾਰੀਆਂ ਲਈਆਂ ਗਈਆਂ ਸਨ ਤੇ ਹਲਕਾ ਇੰਚਾਰਜ ਬਲਦੇਵ ਸਿੰਘ ਮਿਆਦੀਆਂ ਤੇ ਹਲਕੇ ਆਗੂ ਗੁਰਸ਼ਰਨ ਸਿੰਘ ਛੀਨਾ ਤੇ ਬਲਜਿੰਦਰ ਸਿੰਘ ਥਾਂਦੇ ਸਮੇਤ ਵਰਕਰਾਂ ਨਾਲ ਚੋਣਾਂ ਨੂੰ ਜਿੱਤਣ ਸੰਬੰਧੀ ਵਿਚਾਰ ਵਟਾਂਦਰੇ ਤੇ ਵਿਉਂਤਬੰਦੀ ਵੀ ਕੀਤੀ ਗਈ ਸੀ। ਕਾਂਗਰਸ ਪਾਰਟੀ ਦੇ ਸਾਬਕਾ ਕੈਬਨਿਟ ਮੰਤਰੀ ਤੇ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਤੇ ਉਨ੍ਹਾਂ ਦੇ ਭਤੀਜੇ ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਚੇਅਰਮੈਨ ਦਿਲਰਾਜ ਸਿੰਘ ਸਰਕਾਰੀਆ ਵਲੋਂ ਇਨ੍ਹਾਂ ਚੋਣਾਂ ਨੂੰ ਹਰ ਹਾਲ ਜਿੱਤਣ ਲਈ ਪਿਛਲੇ ਕਈ ਦਿਨਾਂ ਤੋਂ ਰਾਜਾਸਾਂਸੀ ਵਿਚ ਵਰਕਰਾਂ ਨਾਲ ਤਾਲਮੇਲ ਕਰਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਹਰੇਕ ਦੇ ਦੁੱਖ ਸੁੱਖ ਦੇ ਭਾਈਵਾਲ ਬਣ ਕੇ ਵਰਕਰਾਂ ਵਿਚ ਵਿਚਰ ਰਹੇ ਹਨ। ਭਾਜਪਾ ਵਲੋਂ ਹਲਕਾ ਇੰਚਾਰਜ ਮੁਖਵਿੰਦਰ ਸਿੰਘ ਮਾਹਲ ਵਲੋਂ ਵੀ ਕਮਰਕੱਸੇ ਕੀਤੇ ਹੋਏ ਹਨ ਤੇ ਆਪਣੀ ਟੀਮ ਨਾਲ ਲੋਕਾਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ। ਇਸ ਤੋਂ ਪਹਿਲਾਂ ਨਗਰ ਪੰਚਾਇਤ ਤੇ ਕਾਂਗਰਸ ਪਾਰਟੀ ਕਾਬਜ਼ ਸੀ। ਏਥੇ ਦੱਸਣਯੋਗ ਹੈ ਕਿ ਨਗਰ ਪੰਚਾਇਤ ਰਾਜਾਸਾਂਸੀ ਦੇ ਕੁੱਲ 14632 ਵੋਟਰ ਹਨ। ਜਿਨ੍ਹਾਂ 'ਚ ਅਨੁਸੂਚਿਤ ਵਰਗ ਦੀਆਂ 6084 ਤੇ ਪੱਛੜੇ ਵਰਗ ਦੀਆਂ 4707 ਅਤੇ ਜਨਰਲ ਵਰਗ ਦੇ 3841 ਵੋਟਰ ਹਨ। ਨਗਰ ਪੰਚਾਇਤ ਰਾਜਾਸਾਂਸੀ ਦੀਆਂ ਕੁੱਲ 13 ਵਾਰਡਾਂ ਹਨ, ਜਿਨ੍ਹਾਂ 'ਚ 4 ਵਾਰਡਾਂ ਔਰਤਾਂ ਲਈ ਰਾਖਵੀਆਂ ਹਨ ਇਨ੍ਹਾਂ ਵਿਚੋਂ 2 ਵਾਰਡਾਂ ਅਨੁਸੂਚਿਤ ਜਾਤੀ ਨਾਲ ਸੰਬੰਧਿਤ ਔਰਤਾਂ ਲਈ ਰਾਖਵੀਆਂ ਹਨ। ਇਸ ਤੋਂ ਇਲਾਵਾ 3 ਵਾਰਡਾਂ ਜਨਰਲ ਅਤੇ 3 ਵਾਰਡਾਂ ਅਨੁਸੂਚਿਤ ਜਾਤੀ ਲਈ ਰਾਖਵੀਆਂ ਹਨ ਜਦੋਂ ਕਿ 1 ਵਾਰਡ ਪੱਛੜੇ ਵਰਗ ਲਈ ਰਾਖਵੀਂ ਹੈ। ਇਨ੍ਹਾਂ ਚੋਣਾਂ ਨੂੰ ਲੈ ਕੇ ਭਾਜਪਾ, ਕਾਂਗਰਸ ਅਤੇ ਆਮ ਆਦਮੀ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਵਲੋਂ 13 ਵਾਰਡਾਂ 'ਤੇ ਚੋਣ ਲੜਣ ਦੇ ਦਾਅਵੇਦਾਰ ਕੀਤੇ ਗਏ ਹਨ। ਇਨ੍ਹਾਂ ਚੋਣਾਂ 'ਚ ਵੱਡੀ ਗੱਲ ਇਹ ਵੀ ਦੇਖਣ ਨੂੰ ਮਿਲ ਰਹੀ ਹੈ ਕਿ ਇਸ ਵਾਰ ਅਕਾਲੀ ਦਲ ਅਤੇ ਭਾਜਪਾ ਵਖੋ ਵੱਖਰੇ ਤੌਰ ਤੇ ਚੋਣ ਲੜ ਰਹੇ ਹਨ। ਇਸ ਤੋਂ ਪਹਿਲਾਂ ਨਗਰ ਪੰਚਾਇਤ ਰਾਜਾਸਾਂਸੀ ਦੀਆਂ 2012 ਤੇ 2018 'ਚ ਅਕਾਲੀ ਤੇ ਭਾਜਪਾ ਵਲੋਂ ਇੱਕਠਿਆਂ ਚੋਣਾਂ ਲੜੀਆਂ ਸਨ। 2012 'ਚ ਅਕਾਲੀ ਦਲ 13 ਸੀਟਾਂ ਤੇ ਕਾਮਯਾਬ ਰਿਹਾ ਸੀ ਤੇ 2018 ਦੀ ਚੋਣ 'ਚ ਸੁਖਬਿੰਦਰ ਸਿੰਘ ਸਰਕਾਰੀਆ ਦੀ ਅਗਵਾਈ 'ਚ ਕਾਂਗਰਸ ਪਾਰਟੀ 13 ਸੀਟਾਂ 'ਤੇ ਕਾਮਯਾਬ ਹੋਈ ਸੀ। ਇਸ ਰਾਜਾਸਾਂਸੀ ਦੀ ਚੋਣ ਨੂੰ ਲੈ ਕੇ ਲੋਕਾਂ ਦਾ ਕਹਿਣਾ ਹੈ ਕਿ ਇਸ ਵਾਰ ਦਿਲਚਸਪ ਮੁਕਾਬਲਾ ਕਾਂਗਰਸ ਤੇ ਆਮ ਆਦਮੀ ਪਾਰਟੀ ਵਿਚਾਲੇ ਹੋਵੇਗਾ।

*** ਨਗਰ ਪੰਚਾਇਤ ਰਾਜਾਸਾਂਸੀ ਦੇ ਕੁੱਲ 14632 ਵੋਟਰ ਕਰਨਗੇ ਉਮੀਦਵਾਰਾਂ ਦੇ ਹੱਕ 'ਚ ਫੈਸਲਾ * ਸਾਰੀਆਂ ਪਾਰਟੀਆਂ ਵਲੋਂ 13 ਸੀਟਾਂ 'ਤੇ ਲੜੀਆਂ ਜਾਣਗੀਆਂ ਚੋਣਾਂ**

ਧੀਆਂ ਦੇ ਰਖਵਾਲੇ ਸੰਸਥਾ ਬਾਬਾ ਬਕਾਲਾ ਸਾਹਿਬ ਚੋਣਾਂ ਦੌਰਾਨ ਨਸ਼ਾ ਨਹੀਂ ਚੱਲਣ ਦੇਵੇਗੀ-ਗੁਰਜੰਟ ਸਿੰਘ ਪੱਡੋਆਨਾ

ਬਾਬਾ ਬਕਾਲਾ ਸਾਹਿਬ, 8 ਦਸੰਬਰ (ਸ਼ੇਲਿੰਦਰਜੀਤ ਸਿੰਘ ਰਾਜਨ)—ਅੱਜ ਇੱਥੇ ਸਮਾਜ ਸੇਵੀ ਸੰਸਥਾ 'ਧੀਆਂ ਦੇ ਰਖਵਾਲੇ' ਦੇ ਮੁਖੀ ਗੁਰਜੰਟ ਸਿੰਘ ਪੱਡੋਆਨਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਐਤਕੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਵਿੱਤਰ ਧਰਤੀ 'ਤੇ ਪਹਿਲੀ ਵਾਰ ਨਗਰ ਪੰਚਾਇਤ ਵਜੋਂ ਚੋਣਾਂ ਹੋਣ ਜਾ ਰਹੀਆਂ ਹਨ। ਪਰ ਇਸ ਪਵਿੱਤਰ ਨਗਰੀ 'ਤੇ ਚੋਣਾਂ ਜਿੱਥੇ ਪੁਲਿਸ ਅਤੇ ਪ੍ਰਸ਼ਾਸ਼ਨ ਵਲੋਂ ਚੋਣਾਂ ਅਮਨ ਅਮਾਨ ਅਤੇ ਬਿਨਾਂ ਨਸ਼ਿਆਂ ਤੋਂ ਕਰਵਾਉਣ ਲਈ ਯਤਨ ਕਰਨੇ ਚਾਹੀਦੇ ਹਨ, ਉਥੇ ਅਸੀਂ 'ਧੀਆਂ ਦੇ ਰਖਵਾਲੇ' ਸੰਸਥਾ ਵਲੋਂ ਵੀ ਇਹ ਪ੍ਰਣ ਕਰਦੇ ਹਾਂ ਕਿ ਬਾਬਾ ਬਕਾਲਾ ਸਾਹਿਬ ਦੀਆਂ ਇਨ੍ਹਾਂ ਚੋਣਾਂ ਵਿਚ ਨਸ਼ਿਆਂ ਦੀ ਰੋਕਥਾਮ ਲਈ ਹਰ ਯਤਨ ਕਰਾਂਗੇ। ਉਨ੍ਹਾਂ ਕਿਹਾ ਕਿ ਆਪਾਂ ਰਲ ਕੇ ਪੰਜਾਬ ਦੀ ਧਰਤੀ ਨੂੰ ਨਸ਼ਾ ਮੁਕਤ ਬਣਾਉਣਾ ਹੈ। ਉਨ੍ਹਾਂ ਤਾੜਣਾ ਭਰੇ ਲਹਿਜੇ ਵਿਚ ਕਿਹਾ ਕਿ ਨਸ਼ਾ ਵੇਚਣ ਵਾਲੇ ਬਾਜ ਆ ਜਾਣ, ਨਹੀਂ ਤਾਂ ਇਨ੍ਹਾਂ ਦੇ ਉੱਤੇ ਸਖਤ ਤੋਂ ਸਖਤ ਕਾਰਵਾਈ ਹੀ ਕਰਾਵਾਂਗੇ। ਉਨ੍ਹਾਂ ਕਿਹਾ ਕਿ ਜਿਹੜੇ ਭਰਾ ਨਸ਼ਾ ਛੱਡਣਾ ਚਾਹੁੰਦੇ ਹੋਣ ਤਾਂ ਸਾਡੇ ਨਾਲ ਸੰਪਰਕ ਕਰ ਲੈਣ, ਅਸੀਂ ਉਨ੍ਹਾਂ ਦਾ ਨਸ਼ਾ ਵੀ ਛੁਡਾਵਾਂਗੇ ਅਤੇ ਕੋਈ ਵੀ ਵੀਰ ਸਾਡੀ ਜਥੇਬੰਦੀ ਨਾਲ ਜੁੜਨਾ ਚਾਹੁੰਦਾ ਹੋਵੇ ਤਾਂ ਸਾਡੇ ਨਾਲ ਸੰਪਰਕ ਕਰ ਸਕਦਾ ਹੈ। ਸ: ਪੱਡੋਆਨਾ ਨੇ ਕਿਹਾ ਕਿ ਸੰਸਥਾ ਵਲੋਂ ਬਹੁਤ ਜਲਦ ਹੀ 'ਜਵਾਨੀ ਬਚਾਓ' ਯਾਤਰਾ ਸ਼ੁਰੂ ਕਰਨ ਜਾ ਰਹੇ ਹਾਂ। ਉਨ੍ਹਾਂ ਬਾਬਾ ਬਕਾਲਾ ਸਾਹਿਬ ਨਿਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਲਾਲਚ, ਨਸ਼ਿਆਂ ਦੇ ਸਾਫ ਸੁਥਰੇ ਅਕਸ ਵਾਲੇ ਹੀ ਉਮੀਦਵਾਰਾਂ ਨੂੰ ਵੋਟਾਂ ਪਾਉਣ।

ਧੀਆਂ ਦੇ ਰਖਵਾਲੇ ਸੰਸਥਾ, ਬਾਬਾ ਬਕਾਲਾ ਸਾਹਿਬ ਦੇ ਮੁਖੀ ਗੁਰਜੰਟ ਸਿੰਘ ਪੱਡੋਆਨਾ ਗੱਲਬਾਤ ਕਰਦਿਆਂ। ਤਸਵੀਰ : ਸ਼ੇਲਿੰਦਰਜੀਤ ਸਿੰਘ ਰਾਜਨ

ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਮਤਿ ਸਮਾਗਮ ਉਪਰੰਤ ਗੁਰੂ ਖਾਲਸਾ ਹਾਈ ਸਕੂਲ ਦੀ ਗਰਾਊਂਡ ਵਿਚ ਕਰਵਾਏ ਗਏ ਲੋੜਵੰਦ ਧੀਆਂ ਦੇ ਸਮੂਹ ਕਰਨ ਆਨੰਦ ਕਾਰਜ ਮੌਕੇ ਜੋੜਿਆਂ ਨਾਲ ਪ੍ਰਬੰਧਕ ਕਮੇਟੀ ਮੈਂਬਰ ਤੇ ਹੋਰ। ਤਸਵੀਰ : ਜਗਤਾਰ ਸਿੰਘ ਸਹਿਮੀ

ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਤੇ ਛੇ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਕਰਵਾਏ ਸਮੂਹਿਕ ਆਨੰਦ ਕਾਰਜ

ਮਜੀਠਾ, 8 ਦਸੰਬਰ (ਜਗਤਾਰ ਸਿੰਘ ਸਹਿਮੀ)-ਰੰਗਰੇਟੇ ਗੁਰੂ ਕੇ ਬੇਟੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਸ਼ਾਮਨਗਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿਚ ਗੁਰੂ ਘਰ ਦੇ ਨਾਮਵਰ ਕਥਾਵਾਚਕ, ਢਾਡੀ ਤੇ ਕੀਰਤਨੀ ਜਥਿਆਂ ਵੱਲੋਂ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਜੀਵਨੀ ਤੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਪ੍ਰਬੰਧਕ ਕਮੇਟੀ ਵਲੋਂ ਆਏ ਕਥਾਵਾਚਕ, ਕੀਰਤਨੀ ਤੇ ਢਾਡੀ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ। ਉਪਰੰਤ ਗੁਰੂ ਖਾਲਸਾ ਹਾਈ ਸਕੂਲ ਸ਼ਾਮ ਨਗਰ ਦੀ ਖੇਡ ਗਰਾਊਂਡ ਵਿਚ ਛੇ ਲੋੜਵੰਦ ਧੀਆਂ ਦੇ ਸਮੂਹ ਆਨੰਦ ਕਾਰਜ ਵੀ ਕਰਵਾਏ ਗਏ। ਪ੍ਰਬੰਧਕ ਕਮੇਟੀ ਵਲੋਂ ਵਿਆਹੇ ਜੋੜਿਆਂ ਨੂੰ ਡਬਲ ਬੈੱਡ, ਬਿਸਤਰੇ, ਅਲਮਾਰੀ, ਪੱਖਾ, ਕੁਰਸੀਆਂ, ਡਿਨਰਸੈੱਟ ਹੋਰ ਬਰਤਨ ਤੇ ਲੋੜੀਂਦਾ ਘਰੇਲੂ ਸਾਮਾਨ ਵੀ ਦਿੱਤਾ ਗਿਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾਂ ਵਿਚ ਪ੍ਰਧਾਨ ਸਤਵਿੰਦਰ ਸਿੰਘ ਨੰਬਰਦਾਰ, ਵਾਈਸ ਪ੍ਰਧਾਨ ਵਰਿੰਦਰ ਸਿੰਘ, ਦੰਬਰਦਾਰ ਸੁਖਦੇਵ ਸਿੰਘ ਸਿੱਧੂ, ਬਾਬਾ ਅਜੀਤ ਸਿੰਘ ਸਿੱਧੂ, ਮੈਂਬਰ ਪੰਚਾਇਤ ਸਾਜਨ ਸਿੰਘ ਸਿੱਧੂ, ਰਵੀ ਸਿੱਧੂ, ਡਾਕਟਰ ਸਾਹਿਲ ਮੱਟੂ, ਲਖਵਿੰਦਰ ਸਿੰਘ, ਸੁਖਦੀਪ ਸਿੰਘ ਸਿੱਧੂ, ਸੁਖਪਾਲ ਸਿੰਘ ਸਿੱਧੂ, ਬਾਬਾ ਹਰਦਿਆਲ ਸਿੰਘ, ਮਨਜਿੰਦਰ ਸਿੰਘ ਫੌਜੀ, ਮੇਜਰ ਸਿੰਘ ਫੌਜੀ, ਬਾਬਾ ਗੁਰਦੀਪ ਸਿੰਘ, ਸਤਿਨਾਮ ਸਿੰਘ ਆਦਿ ਪ੍ਰਬੰਧਕ ਹਾਜ਼ਰ ਸਨ।

ਪਿੰਡ ਮਹਾਰ ਦੇ ਗੁਰਦੁਆਰਾ ਬਾਬਾ ਜੀਵਨ ਸਿੰਘ ਵਿਖੇ ਬਾਬਾ ਜੀ ਦੇ ਜਨਮ ਦਿਹਾੜੇ 'ਤੇ ਸੰਗਤਾਂ ਪਿੰਡ ਦੀ ਪੰਚਾਇਤ ਨੂੰ ਸਨਮਾਨਿਤ ਕਰਦੀਆਂ ਹੋਈਆਂ। ਤਸਵੀਰ : ਗੁਰਵਿੰਦਰ ਸਿੰਘ ਛੀਨਾ

ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ

ਓਠੀਆ, 8 ਦਸੰਬਰ (ਗੁਰਵਿੰਦਰ ਸਿੰਘ ਛੀਨਾ)-ਤਹਿਸੀਲ ਅਜਨਾਲਾ ਦੇ ਪਿੰਡ ਮੁਹਾਰ ਵਿਖੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਅੱਜ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਵਿਖੇ ਰਖਵਾਏ ਗਏ ਸ੍ਰੀ ਅਖੰਡ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਸਰਬਜੀਤ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਰਾਗੀ ਜਥਿਆਂ ਨੇ ਕੀਰਤਨ ਦੀ ਛਹਿਬਰ ਲਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਨੌਜਵਾਨ ਪੀੜੀ ਨੂੰ ਸਿੱਖੀ ਸਰੂਪ ਧਾਰਨ ਕਰਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਲੱਗਣ ਲਈ ਪ੍ਰੇਰਿਤ ਕੀਤਾ ਆਏ ਜਥਿਆਂ ਨੂੰ ਪ੍ਰਬੰਧਕ ਕਮੇਟੀ ਵਲੋਂ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸੰਗਤਾਂ ਲਈ ਅਟੁੱਟ ਲੰਗਰ ਲਗਾਏ ਗਏ ਇਸ ਮੌਕੇ 'ਤੇ ਸਰਪੰਚ ਅਮਰਜੀਤ ਸਿੰਘ ਮੁਹਾਰ, ਮੈਂਬਰ ਗਗਨਦੀਪ ਸਿੰਘ ਮੁਹਾਰ ਮੈਂਬਰ ਗੁਰਦੇਵ ਸਿੰਘ ਮਾਹਲਾ, ਆੜਤੀ ਅਮਰੀਕ ਸਿੰਘ, ਮੈਂਬਰ, ਮੈਂਬਰ ਕੁਲਵਿੰਦਰ ਸਿੰਘ, ਪ੍ਰਗਟ ਸਿੰਘ, ਗ੍ਰੰਥੀ ਸੁਰਜੀਤ ਸਿੰਘ, ਬਾਬਾ ਮੰਗਲ ਸਿੰਘ ਆਦਿ ਹਾਜ਼ਰ ਸਨ।

ਸਰਕਾਰੀ ਹਾਈ ਸਕੂਲ ਨਾਗਕਲਾਂ ਦੇ ਪ੍ਰਿੰਸੀਪਲ ਵਰੁਣ ਕੁਮਾਰ ਨਾਗਾ ਕਲਾਂ, ਜਸਜੀਤ ਸਿੰਘ, ਸ੍ਰੀਮਤੀ ਰਮਨਦੀਪ ਕੌਰ ਡੀ ਪੀ ਈ ਤੇ ਖੇਡਾਂ 'ਚ ਅੱਵਲ ਆਏ ਖਿਡਾਰੀਆਂ ਨੂੰ ਸਨਮਾਨਿਤ ਕਰਨ ਮੌਕੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਤੇ ਹੋਰ। ਤਸਵੀਰ ਜਗਤਾਰ ਸਿੰਘ ਸਹਿਮੀ

ਸ਼ਹੀਦ ਭਗਤ ਸਿੰਘ ਵੈੱਲਫੇਅਰ ਸੁਸਾਇਟੀ ਵਲੋਂ ਸਰਕਾਰੀ ਸਕੂਲ ਨਾਗਕਲਾਂ ਦੇ ਅਧਿਆਪਕ ਤੇ ਖੇਡਾਂ 'ਚ ਅਵਲ ਆਏ ਖਿਡਾਰੀ ਸਨਮਾਨਿਤ

ਮਜੀਠਾ, 8 ਦਸੰਬਰ (ਜਗਤਾਰ ਸਿੰਘ ਸਹਿਮੀ)-ਇਥੋਂ ਥੋੜ੍ਹੀ ਦੂਰ ਪੈਂਦੇ ਪਿੰਡ ਨਾਗਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਵਿਚ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਸ਼ਹੀਦ ਭਗਤ ਸਿੰਘ ਮੈਮੋਰੀਅਲ ਸੋਸ਼ਲ ਐਂਡ ਸਪੋਰਟਸ ਵੈਲਫੇਅਰ ਸੋਸਾਇਟੀ ਅੰਮ੍ਰਿਤਸਰ ਵਲੋਂ ਵਧੀਆਂ ਸੇਵਾਵਾਂ ਨਿਭਾਉਣ ਕਰਕੇ ਪ੍ਰਿੰਸੀਪਲ ਵਰੁਣ ਕੁਮਾਰ ਨਾਗ ਕਲਾਂ, ਜਸਜੀਤ ਸਿੰਘ, ਸ੍ਰੀਮਤੀ ਰਮਨਦੀਪ ਕੌਰ ਡੀ. ਪੀ. ਈ. ਨੂੰ ਸਨਮਾਨਿਤ ਕੀਤਾ ਗਿਆ। ਇਨ੍ਹਾਂ ਤੋਂ ਇਲਾਵਾ ਪਿਛਲੇ ਦਿਨੀਂ ਹੋਈਆਂ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਖੇਡਾਂ ਵਿਚ ਜ਼ਿਲ੍ਹਾ ਪੱਧਰ ਤੇ ਪਹਿਲੇ, ਦੂਜੇ ਤੇ ਤੀਜੇ ਦਰਜੇ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਯਾਦਗਾਰੀ ਸ਼ੀਲਡਾਂ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਸੁਸਾਇਟੀ ਦੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਹੋਰ ਖ